ਮਾਰੂ ਮਹਲਾ ੧ ॥ ਸਲੋਕੁ ॥ ਪਤਿਤ ਪੁਨੀਤ ਅਸੰਖ ਹੋਹਿ ਹਰਿ ਚਰਨੀ ਮਨੁ ਲਾਗ ॥ ਅਠਸਠਿ ਤੀਰਥ ਨਾਮੁ ਪ੍ਰਭ ਨਾਨਕ ਜਿਸੁ ਮਸਤਕਿ ਭਾਗ ॥੧॥ ਸਬਦੁ ॥ ਸਖੀ ਸਹੇਲੀ ਗਰਬਿ ਗਹੇਲੀ ॥ ਸੁਣਿ ਸਹ ਕੀ ਇਕ ਬਾਤ ਸੁਹੇਲੀ ॥੧॥ ਜੋ ਮੈ ਬੇਦਨ ਸਾ ਕਿਸੁ ਆਖਾ ਮਾਈ ॥ ਹਰਿ ਬਿਨੁ ਜੀਉ ਨ ਰਹੈ ਕੈਸੇ ਰਾਖਾ ਮਾਈ ॥ ੧॥ ਰਹਾਉ ॥ ਹਉ ਦੋਹਾਗਣਿ ਖਰੀ ਰੰਞਾਣੀ ॥ ਗਇਆ ਸੁ ਜੋਬਨੁ ਧਨ ਪਛੁਤਾਣੀ ॥੨॥ ਤੂ ਦਾਨਾ ਸਾਹਿਬੁ ਸਿਰਿ ਮੇਰਾ ॥ ਖਿਜਮਤਿ ਕਰੀ ਜਨੁ ਬੰਦਾ ਤੇਰਾ ॥ ੩॥ ਭਣਤਿ ਨਾਨਕੁ ਅੰਦੇਸਾ ਏਹੀ ॥ ਬਿਨੁ ਦਰਸਨ ਕੈਸੇ ਰਵਉ ਸਨੇਹੀ ॥੪॥੫॥ {ਪੰਨਾ 990}

ਪਦਅਰਥ:- ਸਲੋਕੁ—ਪਤਿਤ—ਡਿੱਗੇ ਹੋਏ, ਵਿਕਾਰਾਂ ਵਿਚ ਡਿੱਗੇ ਹੋਏ। ਪੁਨੀਤ—ਪਵਿਤ੍ਰ। ਅਸੰਖ—ਬੇਅੰਤ ਜੀਵ। ਹੋਹਿ—ਹੋ ਜਾਂਦੇ ਹਨ। ਅਠਸਠਿ—ਅਠਾਹਠ। ਮਸਤਕਿ—ਮੱਥੇ ਉਤੇ।1।

ਅਰਥ:- ਬੇਅੰਤ ਉਹ ਵਿਕਾਰੀ ਬੰਦੇ ਭੀ ਪਵਿਤ੍ਰ ਹੋ ਜਾਂਦੇ ਹਨ ਜਿਨ੍ਹਾਂ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਲੱਗ ਜਾਂਦਾ ਹੈ। ਅਠਾਹਠ ਤੀਰਥ ਪਰਮਾਤਮਾ ਦਾ ਨਾਮ ਹੀ ਹੈ, ਪਰ, ਹੇ ਨਾਨਕ! (ਇਹ ਨਾਮ ਉਸ ਨੂੰ ਹੀ ਮਿਲਦਾ ਹੈ) ਜਿਸ ਦੇ ਮੱਥੇ ਉਤੇ (ਚੰਗੇ) ਭਾਗ ਹੋਣ।1।

ਪਦਅਰਥ:- ਗਰਬਿ—ਗਰਬ ਵਿਚ, ਅਹੰਕਾਰ ਵਿਚ। ਗਹੇਲੀ—ਗ੍ਰਸੀ ਹੋਈ। ਸਹ ਕੀ—ਖਸਮ-ਪ੍ਰਭੂ ਦੀ। ਸੁਹੇਲੀ—ਸੁਖਦਾਈ।1।

ਮੈ ਬੇਦਨ—ਮੇਰੇ (ਦਿਲ ਦੀ) ਪੀੜ। ਆਖਾ—ਮੈਂ ਆਖਾਂ। ਮਾਈ—ਹੇ ਮਾਂ! ਜੀਉ—ਜਿੰਦ। ਕੈਸੇ—(ਹੋਰ ਕੋਈ) ਐਸਾ (ਤਰੀਕਾ ਨਹੀਂ) ਜਿਸ ਨਾਲ। ਰਾਖਾ—ਮੈਂ ਘਬਰਾਹਟ ਤੋਂ ਬਚ ਸਕਾਂ।1। ਰਹਾਉ।

ਦੋਹਾਗਣਿ—ਮੰਦੇ ਭਾਗਾਂ ਵਾਲੀ। ਖਰੀ—ਬਹੁਤ। ਰੰਞਾਣੀ—ਦੁਖੀ। ਸੁ ਜੋਬਨ—ਉਹ ਜਵਾਨੀ (ਜੋ ਪਤੀ ਨਾਲ ਮਿਲਾਂਦੀ ਹੈ)। ਧਨ—ਇਸਤ੍ਰੀ।2।

ਸਾਹਿਬੁ—ਮਾਲਕ। ਦਾਨਾ—(ਮੇਰੇ) ਦਿਲ ਦੀ ਜਾਣਨ ਵਾਲਾ। ਸਿਰਿ—ਸਿਰ ਉਤੇ। ਖਿਜਮਤਿ—ਖ਼ਿਦਮਤਿ, ਸੇਵਾ (ਨੋਟ:- ਅਰਬੀ ਲਫ਼ਜ਼ਾਂ ਦਾ 'ਜ਼' ਅਤੇ 'ਦ' ਉਚਾਰਨ ਵਿਚ ਕਈ ਵਾਰ ਵਟਾਏ ਜਾ ਸਕਦੇ ਹਨ; ਜਿਵੇਂ 'ਕਾਜ਼ੀ' ਤੇ 'ਕਾਦੀ'; 'ਨਜ਼ਰਿ' ਤੇ 'ਨਦਰਿ', 'ਕਾਗ਼ਜ਼' ਤੇ 'ਕਾਗ਼ਦ'; ਕਾਜ਼ੀਆਂ ਤੇ 'ਕਾਦੀਆਂ')। ਕਰੀ—ਮੈਂ ਕਰਾਂ। ਬੰਦਾ—ਗ਼ੁਲਾਮ।3।

ਭਣਤਿ—ਆਖਦਾ ਹੈ। ਅੰਦੇਸਾ—ਫ਼ਿਕਰ, ਤੌਖ਼ਲਾ, ਚਿੰਤਾ। ਕੈਸੇ—(ਕੋਈ) ਐਸਾ (ਤਰੀਕਾ ਹੋਵੇ) ਜਿਸ ਨਾਲ। ਰਵਉ—ਮੈਂ ਮਿਲ ਸਕਾਂ। ਸਨੇਹੀ—ਸਨੇਹ ਕਰਨ ਵਾਲੇ ਪ੍ਰਭੂ ਨੂੰ, ਪਿਆਰੇ ਪ੍ਰਭੂ ਨੂੰ।4।

ਅਰਥ:- ਹੇ (ਮੇਰੀ) ਮਾਂ! ਮੈਂ ਕਿਸ ਨੂੰ ਦੱਸਾਂ ਆਪਣੇ ਦਿਲ ਦੀ ਪੀੜ? (ਬਿਗਾਨੀ ਪੀੜ ਦੀ ਸਾਰ ਕੋਈ ਸਮਝ ਨਹੀਂ ਸਕਦਾ)। ਹੇ ਮਾਂ! ਪਰਮਾਤਮਾ (ਦੀ ਯਾਦ) ਤੋਂ ਬਿਨਾ ਮੇਰੀ ਜਿੰਦ ਰਹਿ ਨਹੀਂ ਸਕਦੀ। ਸਿਮਰਨ ਤੋਂ ਬਿਨਾ ਮੈਨੂੰ ਕੋਈ ਹੋਰ ਤਰੀਕਾ ਸੁੱਝਦਾ ਨਹੀਂ ਜਿਸ ਨਾਲ ਮੈਂ ਇਸ ਨੂੰ ਘਬਰਾਹਟ ਤੋਂ ਬਚਾ ਸਕਾਂ।1। ਰਹਾਉ।

ਹੇ ਆਪਣੇ ਹੀ ਰਸ-ਮਾਣ ਵਿਚ ਮੱਤੀ ਸਖੀਏ! ਮੇਰੀਏ ਸਹੇਲੀਏ! (ਹੇ ਮੇਰੇ ਕੰਨ! ਹੇ ਮੇਰੀ ਜੀਭ!)। ਖਸਮ-ਪ੍ਰਭੂ ਦੀ ਹੀ ਸਿਫ਼ਤਿ-ਸਾਲਾਹ ਦੀ ਹੀ ਗੱਲ ਸੁਣ (ਤੇ ਕਰ), ਇਹ ਗੱਲ ਸੁਖ ਦੇਣ ਵਾਲੀ ਹੈ।1।

ਜਿਸ ਇਸਤ੍ਰੀ ਦਾ ਜਦੋਂ ਉਹ ਜੋਬਨ ਲੰਘ ਜਾਂਦਾ ਹੈ ਜੋ ਉਸ ਨੂੰ ਪਤੀ ਨਾਲ ਮਿਲਾ ਸਕਦਾ ਹੈ ਤਾਂ ਉਹ ਪਛੁਤਾਂਦੀ ਹੈ, (ਇਸੇ ਤਰ੍ਹਾਂ ਜੇ ਮੇਰਾ ਇਕ ਸੁਆਸ ਭੀ ਪ੍ਰਭੂ-ਮਿਲਾਪ ਤੋਂ ਬਿਨਾ ਲੰਘੇ ਤਾਂ) ਮੈਂ (ਆਪਣੇ ਆਪ ਨੂੰ) ਮੰਦੇ ਭਾਗਾਂ ਵਾਲੀ (ਸਮਝਦੀ ਹਾਂ), ਮੈਂ ਬੜੀ ਦੁਖੀ (ਹੁੰਦੀ ਹਾਂ)।2।

(ਹੇ ਪ੍ਰਭੂ!) ਤੂੰ ਮੇਰੇ ਸਿਰ ਉਤੇ ਮਾਲਕ ਹੈਂ, ਤੂੰ ਮੇਰੇ ਦਿਲ ਦੀ ਜਾਣਦਾ ਹੈਂ (ਮੇਰੀ ਤਾਂਘ ਹੈ ਕਿ) ਤੇਰੀ ਚਾਕਰੀ ਕਰਦਾ

ਰਹਾਂ, ਮੈਂ ਤੇਰਾ ਦਾਸ ਬਣਿਆ ਰਹਾਂ, ਮੈਂ ਤੇਰਾ ਗ਼ੁਲਾਮ ਬਣਿਆ ਰਹਾਂ।3।

ਨਾਨਕ ਆਖਦਾ ਹੈ—ਮੈਨੂੰ ਇਹੀ ਚਿੰਤਾ ਰਹਿੰਦੀ ਹੈ ਕਿ ਮੈਂ ਕਿਤੇ ਪਰਮਾਤਮਾ ਦੇ ਦਰਸ਼ਨ ਤੋਂ ਵਾਂਜਿਆ ਹੀ ਨਾਹ ਰਹਿ ਜਾਵਾਂ। ਕੋਈ ਐਸਾ ਤਰੀਕਾ ਹੋਵੇ ਜਿਸ ਨਾਲ ਮੈਂ ਉਸ ਪਿਆਰੇ ਪ੍ਰਭੂ ਨੂੰ ਮਿਲ ਸਕਾਂ।4।5।